ਸਾਰਗ ਮਹਲਾ ੫ ॥ ਸਿਮਰਤ ਨਾਮੁ ਪ੍ਰਾਨ ਗਤਿ ਪਾਵੈ ॥ ਮਿਟਹਿ ਕਲੇਸ ਤ੍ਰਾਸ ਸਭ ਨਾਸੈ ਸਾਧਸੰਗਿ ਹਿਤੁ ਲਾਵੈ ॥੧॥ ਰਹਾਉ ॥ ਹਰਿ ਹਰਿ ਹਰਿ ਹਰਿ ਮਨਿ ਆਰਾਧੇ ਰਸਨਾ ਹਰਿ ਜਸੁ ਗਾਵੈ ॥ ਤਜਿ ਅਭਿਮਾਨੁ ਕਾਮ ਕ੍ਰੋਧੁ ਨਿੰਦਾ ਬਾਸੁਦੇ ਵ ਰੰਗੁ ਲਾਵੈ ॥ ੧॥ ਦਾਮੋਦਰ ਦਇਆਲ ਆਰਾਧਹੁ ਗੋਬਿੰਦ ਕਰਤ ਸੋੁਹਾਵੈ ॥ ਕਹੁ ਨਾਨਕ ਸਭ ਕੀ ਹੋਇ ਰੇਨਾ ਹਰਿ ਹਰਿ ਦਰਸਿ ਸਮਾਵੈ ॥੨॥੪੮॥੭੧॥ {ਪੰਨਾ 1218}

ਪਦਅਰਥ:- ਸਿਮਰਤ—ਸਿਮਰਦਿਆਂ। ਗਤਿ—ਉੱਚੀ ਆਤਮਕ ਅਵਸਥਾ। ਮਿਟਹਿ—ਮਿਟ ਜਾਂਦੇ ਹਨ {ਬਹੁ-ਵਚਨ}। ਤ੍ਰਾਸ—ਡਰ। ਸਭ—ਸਾਰਾ। ਹਿਤੁ—ਪਿਆਰ।1। ਰਹਾਉ।

ਮਨਿ—ਮਨ ਵਿਚ। ਆਰਾਧੇ—ਆਰਾਧਦਾ ਹੈ, ਸਿਮਰਦਾ ਹੈ। ਰਸਨਾ—ਜੀਭ ਨਾਲ। ਤਜਿ—ਤਿਆਗ ਕੇ। ਵਾਸੁਦੇਵ ਰੰਗੁ—ਪਰਮਾਤਮਾ ਦਾ ਪਿਆਰ।1।

ਦਾਮੋਦਰ—{dwm-adr} ਪਰਮਾਤਮਾ। ਆਰਾਧਹੁ—ਸਿਮਰਿਆ ਕਰੋ। ਸੋੁਹਵੈ—{ਅੱਖਰ 'ਸ' ਦੇ ਨਾਲ ਦੋ ਲਗਾਂ ਹਨ— ੋ ਅਤੇ ੁ। ਅਸਲ ਲਫ਼ਜ਼ ਹੈ 'ਸੋਹਾਵੈ' ਇਥੇ 'ਸੁਹਾਵੈ' ਪੜ੍ਹਨਾ ਹੈ} ਸੋਹਣਾ ਲੱਗਦਾ ਹੈ। ਰੇਨਾ—ਚਰਨਾਂ ਦੀ ਧੂੜ। ਦਰਸਿ—ਦਰਸਨ ਵਿਚ।2।

ਅਰਥ:- ਹੇ ਭਾਈ! ਪਰਮਾਤਮਾ ਦਾ ਨਾਮ ਸਿਮਰਦਿਆਂ ਮਨੁੱਖ ਜੀਵਨ ਦੀ ਉੱਚੀ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ। ਜਿਹੜਾ ਮਨੁੱਖ ਸਾਧ ਸੰਗਤਿ ਵਿਚ ਪਿਆਰ ਪਾਂਦਾ ਹੈ, ਉਸ ਦੇ ਸਾਰੇ ਕਲੇਸ਼ ਮਿਟ ਜਾਂਦੇ ਹਨ, ਉਸ ਦਾ ਹਰੇਕ ਡਰ ਦੂਰ ਹੋ ਜਾਂਦਾ ਹੈ।1। ਰਹਾਉ।

ਹੇ ਭਾਈ! (ਜਿਹੜਾ ਮਨੁੱਖ) ਸਦਾ (ਆਪਣੇ) ਮਨ ਵਿਚ ਪਰਮਾਤਮਾ ਦਾ ਆਰਾਧਨ ਕਰਦਾ ਰਹਿੰਦਾ ਹੈ, ਜਿਹੜਾ ਆਪਣੀ ਜੀਭ ਨਾਲ ਪ੍ਰਭੂ ਦੀ ਸਿਫ਼ਤਿ-ਸਾਲਾਹ ਗਾਂਦਾ ਰਹਿੰਦਾ ਹੈ, ਉਹ ਮਨੁੱਖ (ਆਪਣੇ ਅੰਦਰੋਂ) ਕਾਮ ਕ੍ਰੋਧ ਅਹੰਕਾਰ ਨਿੰਦਾ (ਆਦਿਕ ਵਿਕਾਰ) ਦੂਰ ਕਰ ਕੇ (ਆਪਣੇ ਅੰਦਰ) ਪਰਮਾਤਮਾ ਦਾ ਪ੍ਰੇਮ ਪੈਦਾ ਕਰ ਲੈਂਦਾ ਹੈ।1।

ਹੇ ਭਾਈ! ਦਇਆ ਦੇ ਸੋਮੇ ਪਰਮਾਤਮਾ ਦਾ ਨਾਮ ਸਿਮਰਦੇ ਰਿਹਾ ਕਰੋ। ਗੋਬਿੰਦ (ਦਾ ਨਾਮ) ਸਿਮਰਦਿਆਂ ਹੀ ਜੀਵਨ ਸੋਹਣਾ ਬਣਦਾ ਹੈ। ਹੇ ਨਾਨਕ! ਆਖ—ਸਭਨਾਂ ਦੀ ਚਰਨ-ਧੂੜ ਹੋ ਕੇ ਮਨੁੱਖ ਪਰਮਾਤਮਾ ਦੇ ਦਰਸਨ ਵਿਚ ਲੀਨ ਹੋਇਆ ਰਹਿੰਦਾ ਹੈ।2। 48। 71।